**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਨਵਾਂ ਸ਼ਹਿਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਨਵਾਂ ਸ਼ਹਿਰ। ------ਉੱਤਰਦਾਤਾ

**ਅਪੀਲ ਕੇਸ ਨੰ:1708/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-02-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਨਵਾਂ ਸ਼ਹਿਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗੱਡੀਆਂ ਦੇ ਟੈਕਸਾਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:1710/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-02-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗੱਡੀਆਂ ਦੇ ਟੈਕਸਾਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:90, ਮਿਤੀ 19-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:62, ਮਿਤੀ 02-05-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਸੂਚਨਾ ਭੇਜ਼ ਦਿੱਤੀ ਗਈ ਸੀ ਅਤੇ ਦੁਬਾਰਾ ਫਿਰ ਮਿਤੀ 24-07-2019 ਨੂੰ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਦੋਵੇਂ ਧਿਰਾਂ, ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਅਤੇ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ,
ਸੈਕਟਰ 68,ਐਸ.ਏ.ਐਸ. ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ,
ਸੈਕਟਰ 68, ਐਸ.ਏ.ਐਸ. ਨਗਰ। ------ਉੱਤਰਦਾਤਾ

**ਅਪੀਲ ਕੇਸ ਨੰ:1715/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (98888-05958)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-09-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਸ਼ਿਕਾਇਤ ਨੰ:1223328452 ਬਾਬਤ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:40330/ਵਬ/ਐਸ-14, ਮਿਤੀ 30-10-2018 ਅਤੇ ਪੱਤਰ ਨੰ:46244/ਵਬ/ਐਸ-12, ਮਿਤੀ 24-12-2018, ਰਾਹੀਂ ਪਹਿਲਾਂ ਹੀ ਉਸ ਨੂੰ ਭੇਜੀ ਜਾ ਚੁੱਕੀ ਹੈ। ਇਸ ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:33937/ਵਬ/ਐਸ-14, ਮਿਤੀ 17-07-2019, ਜਿਸ ਦਾ ਇੱਕ ਉਤਾਰਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਗਿਆ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਵੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪਾਰਸ ਵਧਵਾ, (86995-00539)
ਪੁੱਤਰ ਸ਼੍ਰੀ ਰਾਜ ਕੁਮਾਰ,
ਮਕਾਨ ਨੰ: ਈ-1732,ਗਾਂਧੀ ਨਗਰ,
ਤਹਿਸੀਲ ਤੇ ਜ਼ਿਲ੍ਹਾ, ਫਾਜਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੇਕਸ, ਸੈਕਟਰ 68,
ਐੱਸ.ਏ.ਐੱਸ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੇਕਸ, ਸੈਕਟਰ 68,
ਐੱਸ.ਏ.ਐੱਸ ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ: 1718/2019**

**ਹਾਜ਼ਰ:-**

1) ਸ਼੍ਰੀ ਪਾਰਸ ਵਧਵਾ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-09-2018, ਲੋਕ ਸੂਚਨਾ ਅਧਿਕਾਰੀ ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਐੱਸ.ਏ.ਐੱਸ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-11-2017 ਨੂੰ ਡਾ: ਅੰਬੇਦਤਰ ਇੰਸਟੀਚਿਊਟ ਆਫ ਕੈਰੀਅਰ ਐਂਡ ਕੋਰਸਿਜ਼, ਮੋਹਾਲੀ ਵਿਖੇ ਵਿਗਿਆਪਨ ਨੰ:04 ਆਫ 2016 ਅਧੀਨ ਸਟੈਨੋਟਾਈਪਿਸਟ ਦੀ ਆਸਾਮੀ ਲਈ ਦਿੱਤੀ ਗਈ ਪ੍ਰੀਖਿਆ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੈਨੇਜਿੰਗ ਡਾਇਰੈਕਟਰ,
ਪੰਜਾਬ ਇਨਫੋਟੈਕ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:1741/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਤੇਜਿੰਦਰ ਸਿੰਘ (99410-04313)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਨੀਤਾ ਵਾਲੀਆ, ਸਹਾਇਕ ਮਹਾਂ ਪ੍ਰਬੰਧਕ-ਕਮ-ਲੋਕ ਸੂਚਨਾ ਅਧਿਕਾਰੀ (98726-61965) ਅਤੇ ਸ਼੍ਰੀਮਤੀ ਸਰੀਤਾ, ਸਹਾਇਕ ਲੋਕ ਸੂਚਨਾ ਅਧਿਕਾਰੀ ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਜਰਨੈਲ ਸਿੰਘ, ਸੀਨੀਅਰ ਸਹਾਇਕ (99142-85142) ਅਤੇ ਸ਼੍ਰੀ ਗੌਰਵ ਸੈਣੀ, ਕਲਰਕ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-01-2019, ਲੋਕ ਸੂਚਨਾ ਅਧਿਕਾਰੀ ਦਫਤਰ ਮੈਨੇਜਿੰਗ ਡਾਇਰੈਕਟਰ, ਪੰਜਾਬ ਇਨਫੋਟੈਕ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਸਰਕਾਰ (ਕੈਪਟਨ ਸਰਕਾਰ) ਵੱਲੋਂ ਖਰੀਦੇ ਗਏ ਸਮਾਰਟ ਫੋਨਾਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਤੇਜਿੰਦਰ ਸਿੰਘ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਪਹਿਲੀ ਅਪੀਲੀ ਅਥਾਰਟੀ ਵੱਲੋਂ ਹਾਜ਼ਰ, ਸ਼੍ਰੀ ਜਰਨੈਲ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਉਦਯੋਗ ਅਤੇ ਕਮਰਸ ਵਿਭਾਗ ਨਾਲ ਹੋਣ ਕਾਰਨ ਅਪੀਲਕਰਤਾ ਦੀ ਆਰ.ਟੀ.ਆਈ., ਅਰਜ਼ੀ ਮਿਤੀ 07-01-2019 ਉਨਾਂ ਵੱਲੋਂ ਆਪਣੇ ਪੱਤਰ, ਮਿਤੀ 16-01-2019 ਰਾਹੀਂ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਸਬੰਧਤ ਵਿਭਾਗ ਨੂੰ ਭੇਜ਼ਦੇ ਹੋਏ ਅਪੀਲਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:2/11/2019-ਮੁੱ:ਮੰ:ਦ:/ਜੀ.ਏ-2/1522075/1, ਮਿਤੀ 12-07-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਵਿਸਥਾਰ-ਪੂਰਵਕ ਜਵਾਬ ਵੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ।ਉਦਯੋਗ ਅਤੇ ਕਮਰਸ ਵਿਭਾਗ ਵੱਲੋਂ ਉਸ ਦੀ ਅਰਜ਼ੀ ਫਿਰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫ਼ਤਰ ਇਨਫੋਟੈਕ ਪੰਜਾਬ ਨੂੰ ਭੇਜ਼ ਦਿੱਤੀ ਗਈ ਸੀ ਜਿਹੜੀ ਕਿ ਦਫ਼ਤਰ ਇਨਫੋਟੈਕ ਪੰਜਾਬ ਨੂੰ ਮਿਤੀ 24-01-2019 ਨੂੰ ਪ੍ਰਾਪਤ ਹੋਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਨੀਤਾ ਵਾਲੀਆ, ਸਹਾਇਕ ਮਹਾਂ ਪ੍ਰਬੰਧਕ-ਕਮ-ਲੋਕ ਸੂਚਨਾ ਅਧਿਕਾਰੀ ਨੇ ਕਿਹਾ ਹੈ ਕਿ ਉਨ੍ਹਾਂ ਦੇ ਪੱਤਰ ਨੰ:PICTC/RTI/2019/4646-2648, ਮਿਤੀ 22-02-2019 ਰਾਹੀਂ ਅਪੀਲਕਰਤਾ ਨੂੰ ਨੁਕਤਾ-ਵਾਰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਪੀ.ਆਈ.ਸੀ.ਟੀ.ਸੀ./ ਆਰ.ਟੀ.ਆਈ./2019/1303, ਮਿਤੀ 15-07-2019 ਜਿਸ ਦਾ ਇੱਕ ਉਤਾਰਾ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1741/2019

ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵਿਸਥਾਰ-ਪੂਰਵਕ ਜਵਾਬ ਵੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 05 **ਅਗਸਤ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਵਿਜੀਲੈਂਸ ਬਿਊਰੋ, ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸੀਨੀਅਰ ਕਪਤਾਨ, ਪੁਲਿਸ,
ਵਿਜੀਲੈਂਸ ਬਿਊਰੋ, ਬਠਿੰਡਾ। -------ਉੱਤਰਦਾਤਾ

**ਅਪੀਲ ਕੇਸ ਨੰ:1742/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਤੇਜਿੰਦਰ ਸਿੰਘ (99410-04313)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜ਼ੇਸ਼ ਕੁਮਾਰ, ਐਸ.ਆਈ .(98888-05958)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-01-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਵਿਜੀਲੈਂਸ ਬਿਊਰੋ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵੱਖ-ਵੱਖ ਅਪਰਾਧਿਕ ਧਾਰਾਵਾਂ ਤਹਿਤ ਥਾਣਾ ਵਿਜੀਲੈਂਸ ਬਿਊਰੋ, ਬਠਿੰਡਾ ਵੱਲੋਂ ਮਾਨਸਾ ਵਿਖੇ ਮਿਤੀ 15-05--2015 ਨੂੰ ਦਰਜ ਕੀਤੇ ਗਏ ਮੁਕੱਦਮਾ ਨੰ:7 ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਤੇਜਿੰਦਰ ਸਿੰਘ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜ਼ੇਸ਼ ਕੁਮਾਰ, ਐਸ.ਆਈ . ਨੇ ਪੱਤਰ ਨੰ:37325/ਵਬ/ਐਸ.-14, ਮਿਤੀ 05-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਨੁਕਤਾ ਨੰ:1 ਬਾਰੇ ਪਹਿਲਾਂ ਹੀ ਉਨ੍ਹਾਂ ਦੇ ਪੱਤਰ ਨੰ:381, ਮਿਤੀ 28-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਨੁਕਤਾ ਨੰ:2,3,4 ਅਤੇ 5 ਬਾਰੇ ਅਜੇ ਤਫਤੀਸ਼ ਚੱਲ ਰਹੀ ਹੈ ਜਿਸ ਕਰਕੇ ਆਰੀ.ਟੀ.ਆਈ. ਐਕਟ, 2005, ਦੀ ਧਾਰਾ 8(ਐਚ) ਤਹਿਤ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:2864/ਵਬ/ਏ.ਸੀ.-2 ਅਤੇ ਮਿਤੀ 12-07-2019 ਅਤੇ ਪੱਤਰ ਨੰ:2867/ਵਬ/ਏ.ਸੀ.-2 ਅਤੇ ਮਿਤੀ 12-07-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵੀ ਵਿਸਥਾਰ-ਪੂਰਵਕ ਜਵਾਬ ਕਮਿਸ਼ਨ ਨੂੰ ਭੇਜਿਆ ਹੋਇਆ ਹੈ। ਕੁੱਝ ਵਿਚਾਰ-ਵਟਾਂਦਰੇ ਉਪਰੰਤ ਅਪੀਲਕਰਤਾ ਦੇ ਨੁਮਾਇੰਦੇ ਨੇ ਕਿਹਾ ਕਿ ਉਸ ਨੂੰ ਕੇਵਲ ਮਾਮਲੇ ਦੀ ਤਫਤੀਸ਼ ਕਰਨ ਵਾਲੇ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1742/2019

ਪੜਤਾਲੀਆ ਅਫਸਰ ਦਾ ਨਾਮ ਦੱਸ ਦਿੱਤਾ ਜਾਵੇ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਨਾਲ ਸਬੰਧਤ ਮਾਮਲੇ ਦੀ ਤਫਤੀਸ਼ ਕਰਨ ਵਾਲੇ ਪੜਤਾਲੀਆ ਅਫਸਰ ਦੇ ਨਾਮ ਬਾਰੇ ਅਪੀਲਕਰਤਾ ਨੂੰ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 28-08-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 05 **ਅਗਸਤ,** 2019. — **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਿਹਰਬਾਨ ਸਿੰਘ,
ਪੁੱਤਰ ਸ਼੍ਰੀ ਕ੍ਰਿਪਾਲ ਸਿੰਘ,
ਪਿੰਡ ਬਰਨਾਲਾ ਖੁਰਦ, ਤਹਿਸੀਲ ਤੇ
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। -------ਅਪੀਲਕਰਤਾ

ਬਨਾਮ

ਪਹਿਲੀ ਅਪੀਲੀ ਅਥਾਰਟੀ,
ਦਫਤਰ ਤਹਿਸੀਲਦਾਰ,
ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ,
ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ: 1756 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵਿੰਦਰ ਸਿੰਘ, ਸਟੈਨੋ (99147-67087)।

**ਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-03-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਮਿਤੀ 04-09-2015 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਕਿਉਂਕਿ ਉਸ ਨੂੰ ਭੇਜਿਆ ਗਿਆ ਸੁਣਵਾਈ ਨੋਟਿਸ ਡਾਕਖਾਨੇ ਵੱਲੋਂ ਇਨ੍ਹਾਂ ਕਥਨਾਂ ਨਾਲ ਵਾਪਸ ਆ ਗਿਆ ਹੈ ਕਿ ਅਪੀਲਕਰਤਾ ਵਿਦੇਸ਼ ਚਲਾ ਗਿਆ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਵਿੰਦਰ ਸਿੰਘ, ਸਟੈਨੋ ਨੇ ਪੱਤਰ ਨੰ:55-57, ਮਿਤੀ 29-07-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਵੱਲੋਂ ਮੰਗੀ ਸੂਚਨਾ ਬਾਰੇ ਸਪੱਸ਼ਟੀਕਰਣ ਮੰਗਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਤਸਦੀਕ ਕੀਤਾ ਗਿਆ ਹੈ ਕਿ ਅਪੀਲਕਰਤਾ ਵਿਦੇਸ਼ ਚਲਾ ਗਿਆ ਹੈ।

3. ਅਪੀਲਕਰਤਾ ਵਿਦੇਸ਼ ਚਲਾ ਗਿਆ ਹੈ ਜਿਸ ਕਰਕੇ ਇਹ ਕੇਸ ਚਲਦਾ ਰੱਖਣਾ ਵਾਜਿਬ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਰਪ੍ਰੀਤ ਸਿੰਘ, (6239122399)
ਵਾਰਡ ਨੰ:5 ਨੇੜੇ ਹਿੰਦ ਹਸਪਤਾਲ,
ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ,
ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ:1770 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਚੰਦਰ ਪ੍ਰਕਾਸ਼, ਕਾਰਜ ਸਾਧਕ ਅਫਸਰ (96468-27005)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-10-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2015 ਤੋਂ 2018 ਤੱਕ ਵਾਰਡ ਨੰ:5 ਦੇ ਪਾਸ ਹੋਏ ਟੈਂਡਰਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਚੰਦਰ ਪ੍ਰਕਾਸ਼, ਕਾਰਜ ਸਾਧਕ ਅਫਸਰ ਨੇ ਪੱਤਰ ਨੰ:3162/2019, ਮਿਤੀ 01-08-2019 ਰਾਹੀਂ ਵਿਸਥਾਰ-ਪਰਵਕ ਜਵਾਬ ਪੇਸ਼ ਕੀਤਾ ਗਿਆ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ।ਹਾਜ਼ਰ ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਉਨ੍ਹਾਂ ਦੇ ਪੱਤਰਾਂ ਨੰ:,3071, ਮਿਤੀ 18-19-2018, ਨੰ:115, ਮਿਤੀ 15-01-2019 ਰਾਹੀਂ ਜਵਾਬ ਭੇਜਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਇਹ ਵੀ ਕਿਹਾ ਗਿਆ ਹੈ ਕਿ ਨਗਰ ਕੌਂਸਿਲ ਵੱਲੋਂ ਨਾਲੀਆਂ ਦਾ ਕੰਮ ਮਿਤੀ 12-11-2018 ਨੂੰ ਸ਼ੁਰੂ ਕਰ ਦਿੱਤਾ ਗਿਆ ਸੀ ਅਤੇ ਕੰਮ ਹੋ ਚੁੱਕਾ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 05-08-2019 ਨਾਲ ਭੇਜੇ ਗਏ ਪੱਤਰ, ਮਿਤੀ 02-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਆਪਣਾ ਪੱਖ ਪੇਸ਼ ਕਰਨ ਲਈ ਮੌਕੇ ਦੀ ਮੰਗ ਵੀ ਕੀਤੀ ਗਈ ਹੈ।

3. ਅਪੀਲਕਰਤਾ ਦੀ ਬੇਨਤੀ ਅਨੁਸਾਰ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 28-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੀਤ ਸਿੰਘ,
ਪੁੱਤਰ ਲੇਟ ਸ਼੍ਰੀ ਦਰਸ਼ਨ ਸਿੰਘ,
ਪਿੰਡ ਬਾਦਲ, ਤਹਿਸੀਲ ਮਲੋਟ,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਰੂਰਲ ਇੰਸਟੀਚਿਊਟ ਫਾਰ ਵੋਕੇਸ਼ਨਲ ਟ੍ਰੇਨਿੰਗ,
(ਆਰ.ਆਈ.ਵੀ.ਟੀ.) ਬਾਦਲ,
ਤਹਿਸੀਲ ਮਲੋਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 69/2019**

**ਹਾਜ਼ਰ:-**

1) ਸ਼੍ਰੀ ਗੁਰਮੀਤ ਸਿੰਘ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਿਮਰਦੀਪ ਸਿੰਘ, ਮੈਥ ਇੰਸਟ੍ਰਕਟਰ (75087-25200)।

**ਹਕਮ:**

ਪਿਛਲੀ ਪੇਸ਼ੀ, ਮਿਤੀ 09-07-2019 ਤੇ ਹਾਜ਼ਰ ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਸੀ। ਇਸ ਲਈ ਉੱਤਰਦਾਤਾ, ਸ਼੍ਰੀ ਪਰਮਪਾਲ ਸਿੰਘ, ਪਿੰਸੀਪਲ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਗਈ ਸੀ ਕਿ ਕਮਿਸ਼ਨ ਦੇ ਹੁਕਮ, ਮਿਤੀ 18-06-2019 ਅਨੁਸਾਰ ਵਿਸਥਾਰ-ਪੂਰਵਕ ਜਵਾਬ ਪੇਸ਼ ਨਾ ਕਰਨ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ.ਐਕਟ, 2005, ਤਹਿਤ ਬਣਦੀ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਪੱਤਰ, ਮਿਤੀ 02-08-2019 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਸ਼ਿਕਇਤਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਿਮਰਦੀਪ ਸਿੰਘ, ਮੈਥ ਇੰਸਟ੍ਰਕਟਰ ਨੇ ਪੱਤਰ ਨੰ: ਆਰ.ਆਈ.ਵੀ.ਟੀ./2019/96-98, ਮਿਤੀ 02-08-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਸੰਸਥਾ ਦੇ ਪ੍ਰਿੰਸੀਪਲ, ਸ਼੍ਰੀ ਪਰਮਪਾਲ ਸਿੰਘ ਆਪਣੀ ਬਿਮਾਰੀ ਕਾਰਨ ਛੁੱਟੀ ਤੇ ਚੱਲ ਰਹੇ ਹਨ ਅਤੇ ਉਨ੍ਹਾਂ ਦੀ ਛੁੱਟੀ ਦੌਰਾਨ ਸ਼੍ਰੀ ਗੁਰਦੀਪ ਸਿੰਘ ਬਤੌਰ ਆਫ਼ੀਸ਼ੀਏਟਿੰਗ ਪ੍ਰਿੰਸੀਪਲ ਕੰਮ ਕਰ ਰਹੇ ਹਨ। ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਦੱਸਿਆ ਗਿਆ ਕਿ ਸ਼੍ਰੀ ਗੁਰਦੀਪ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ: 69/2019**

ਸਿੰਘ, ਆਫ਼ੀਸ਼ੀਏਟਿੰਗ ਪ੍ਰਿੰਸੀਪਲ ਨੇ ਅੱਜ ਪੇਸ਼ੀ ਤੇ ਹਾਜ਼ਰ ਹੋਣਾ ਸੀ ਪਰੰਤੂ ਉਨ੍ਹਾਂ ਦੇ ਭਰਾ ਦੀ ਕੱਲ੍ਹ ਅਚਾਨਕ ਮ੍ਰਿਤੂ ਹੋ ਜਾਣ ਕਾਰਨ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕੇ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

2. ਉੱਤਰਦਾਤਾ, ਸ਼੍ਰੀ ਗੁਰਦੀਪ ਸਿੰਘ, ਆਫ਼ੀਸ਼ੀਏਟਿੰਗ ਪ੍ਰਿੰਸੀਪਲ -ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 04-10-2018 ਬਾਰੇ ਹੇਠਾਂ ਦਿੱਤੇ ਗਏ ਵੇਰਵੇ ਸਹਿਤ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ:-

(ੳ) ਆਰ.ਟੀ.ਆਈ.ਅਰਜ਼ੀ ਪ੍ਰਾਪਤ ਹੋਣ ਦੀ ਮਿਤੀ;

(ਅ) ਸ਼ਿਕਾਇਤਕਰਤਾ ਨੂੰ ਸਭ ਤੋਂ ਪਹਿਲਾਂ ਭੇਜੇ ਗਏ ਜਵਾਬ/ਸੂਚਨਾ ਸਬੰਧੀ ਪੱਤਰ ਦੀ ਕਾਪੀ;

(ੲ) ਜੇਕਰ ਮਾਣਯੋਗ ਹਾਈ ਕੋਰਟ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਦੇਣ ਤੇ ਕੋਈ ਪਾਬੰਦੀ ਲਗਾਈ ਹੋਵੇ ਤਾਂ ਉਸ ਸਬੰਧੀ ਮਾਣਯੋਗ ਹਾਈ ਕੋਰਟ ਦੇ ਹੁਕਮਾਂ ਦੀ ਕਾਪੀ; ਅਤੇ

(ਸ) ਸ਼ਿਕਾਇਤਕਰਤਾ ਦੀ ਆਰ.ਟੀ.ਆਈ.ਅਰਜ਼ੀ ਪ੍ਰਾਪਤ ਹੋਣ ਦੀ ਮਿਤੀ ਤੋਂ ਲੈ ਕੇ ਹੁਣ ਤੱਕ ਕੀਤੇ ਗਏ ਉਪਰਾਲਿਆਂ ਬਾਰੇ ਮਿਤੀ-ਵਾਰ ਵੇਰਵਾ।

ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ.ਐਕਟ, 2005, ਤਹਿਤ ਬਣਦੀ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 05 ਅਗਸਤ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਗਵਾਨ ਸਿੰਘ,
#915,ਸੈਕਟਰ 127 ਗਿਲਕੋ, ਮੁਹਾਲੀ। ------ ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ ,
ਦਫਤਰਖ਼ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:995/2018**

**ਹਾਜ਼ਰ:-**

1) ਸ਼੍ਰੀ ਭਗਵਾਨ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ. (83600-54302) ਦਫ਼ਤਰ ਏ.ਆਈ.ਜੀ. (ਕਰਾਈਮ)।

ਹੁਕਮ:

ਪਿਛਲੀ ਪੇਸ਼ੀ, ਮਿਤੀ 10-07-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਕਾਬੁਲ ਸਿੰਘ, ਐਡਵੋਕੇਟ ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. ਦਫ਼ਤਰ ਏ.ਆਈ.ਜੀ. (ਕਰਾਈਮ) ਨੇ ਪੱਤਰ ਨੰ:2247, ਮਿਤੀ 05-07-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦੇ ਨੁਕਤਾ ਨੰ:1-2 ਬਾਰੇ ਸੂਚਨਾ ਅਪੀਲਕਰਤਾ ਨੂੰ ਦਿੱਤੀ ਜਾ ਚੱਕੀ ਹੈ ਅਤੇ ਨੁਕਤਾ ਨੰ:3 ਦਾ ਸਬੰਧ ਗ੍ਰਹਿ ਵਿਭਾਗ ਨਾਲ ਅਤੇ ਨੁਕਤਾ ਨੰ:4 ਦਾ ਸਬੰਧ ਦਫ਼ਤਰ ਰਾਜਪਾਲ ਪੰਜਾਬ ਜੀ ਨਾਲ ਹੈ ਅਤੇ ਇਸ ਬਾਰੇ ਸੂਚਨਾ ਉਨ੍ਹਾਂ ਵੱਲੋਂ ਦਿੱਤੀ ਜਾਣੀ ਬਣਦੀ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਏ.ਆਈ.ਜੀ. (ਕਰਾਈਮ) ਪੰਜਾਬ ਵਲੋਂ ਅਪੀਲਕਰਤਾ ਨੂੰ ਸੂਚਨਾ ਬਹੁਤ ਦੇਰੀ ਨਾਲ ਦਿੱਤੀ ਗਈ ਸੀ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਦਫ਼ਤਰ ਏ.ਆਈ.ਜੀ. (ਕਰਾਈਮ) ਪੰਜਾਬ ਨੂੰ ਭਵਿੱਖ ਵਿੱਚ ਆਰ.ਟੀ.ਆਈ. ਐਕਟ,2005 ਨਾਲ ਸਬੰਧਤ ਮਾਮਲਿਆਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਲਈ ਚਿਤਾਵਨੀ ਦਿੱਤੀ ਗਈ ਸੀ। ਇਸ ਤੋਂ ਇਲਾਵਾ ਇਹ ਵੀ ਹਦਾਇਤ ਕੀਤੀ ਗਈ ਸੀ ਕਿ ਬਾਕੀ ਰਹਿੰਦੀ ਨੁਕਤਾ ਨੰ:4 ਸਬੰਧੀ ਸੂਚਨਾ ਅਪੀਲਕਰਤਾ ਨੂੰ ਮੁਹੱਈਆ ਕਰਾਉਣ ਵਾਸਤੇ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ.ਐਕਟ, 2005 ਦੀ ਧਾਰਾ 6(3) ਤਹਿਤ ਦਫ਼ਤਰ ਰਾਜਪਾਲ, ਪੰਜਾਬ, ਨੂੰ ਤਬਦੀਲ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਗ੍ਰਹਿ ਮਾਮਲੇ ਤੇ ਨਿਆਂ ਵਿਭਾਗ ਨੂੰ ਨੁਕਤਾ ਨੰ:3 ਬਾਰੇ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਾਉਣ ਦੀ ਹਦਾਇਤ ਕੀਤੀ ਗਈ ਸੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. ਦਫ਼ਤਰ ਏ.ਆਈ.ਜੀ. (ਕਰਾਈਮ) ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਨੁਕਤਾ ਨੰ:1-2 ਬਾਰੇ ਸੂਚਨਾ ਅਪੀਲਕਰਤਾ ਨੂੰ ਮਿਤੀ 12-07-2019 ਨੂੰ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਅਤੇ ਸੂਚਨਾ ਦੀ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ। ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2296/ਸੀ.ਬੀ.-4, ਮਿਤੀ 12-07-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖ਼ਸ ਪਾਉਂਦੇ ਹੋਏ ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. ਦਫ਼ਤਰ ਏ.ਆਈ.ਜੀ. (ਕਰਾਈਮ) ਨੂੰ ਪੇਸ਼ੀ ਤੋਂ ਛੋਟ ਦਿੱਤੀ ਜਾਂਦੀ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਤੇ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:995/2018**

ਨਿਆਂ ਵਿਭਾਗ, ਚੰਡੀਗੜ੍ਹ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਇੱਕ ਪੱਤਰ ਨੰ:6/72/17-2ਗ4/3718, ਮਿਤੀ 16-07-2019 ਪ੍ਰਾਪਤ ਹੋਇਆ ਹੈ ਜਿਸ ਅਨੁਸਾਰ ਨੁਕਤਾ ਨੰ:4 ਸਬੰਧੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਵਾਸਤੇ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ.ਅਰਜ਼ੀ, ਆਰ.ਟੀ.ਆਈ. ਐਕਟ,2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫ਼ਤਰ ਰਾਜਪਾਲ, ਪੰਜਾਬ ਨੂੰ ਤਬਦੀਲ ਕਰਦੇ ਹੋਏ ਪੇਸ਼ੀ ਮਿਤੀ 05-08-2019 ਤੇ ਕਮਿਸ਼ਨ ਵਿਖੇ ਹਾਜ਼ਰ ਹੋਣ ਲਈ ਕਿਹਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਦਫ਼ਤਰ ਰਾਜਪਾਲ, ਪੰਜਾਬ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਵੀ ਇੱਕ ਪੱਤਰ ਨੰ:ਪੀ.ਆਰ.ਬੀ.-3ਜੀ-2019/ਆਰ.ਟੀ.ਆਈ./3666, ਮਿਤੀ 24-07-2019 ਪ੍ਰਾਪਤ ਹੋਇਆ ਹੈ ਜਿਸ ਅਨੁਸਾਰ ਨੁਕਤਾ ਨੰ:4 ਸਬੰਧੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਉਨ੍ਹਾਂ ਨੇ ਗ੍ਰਹਿ ਵਿਭਾਗ (ਗ੍ਰਹਿ-4 ਸ਼ਾਖਾ) ਨੂੰ ਮੁੜ ਲਿਖਿਆ ਹੋਇਆ ਹੈ।

5. ਉਪਰੋਕਤ ਪੈਰ੍ਹਾ 4 ਵਿੱਚ ਦਰਸਾਈ ਗਈ ਸਥਿਤੀ ਦੇ ਸਨਮੁੱਖ ਲੋਕ ਸੂਚਨਾ ਅਧਿਕਾਰੀ ਦਫ਼ਤਰ ਰਾਜਪਾਲ, ਪੰਜਾਬ ਅਤੇ ਲੋਕ ਸੂਚਨਾ ਅਧਿਕਾਰੀ ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਨੁਕਤਾ ਨੰ:3 ਅਤੇ 4 ਬਾਰੇ ਸੂਚਨਾ ਮੁਹੱਈਆ ਕਰਾਉਣ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸਥਿਤੀ ਸਪੱਸ਼ੱਟ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 05 ਅਗਸਤ, 2019.**

**ਕਾਪੀ:-**

1) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਾਜਪਾਲ, ਪੰਜਾਬ,
ਪੰਜਾਬ ਰਾਜ ਭਵਨ, ਚੰਡੀਗੜ੍ਹ।

2) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਹਾਇਕ ਇੰਸਪੈਕਟਰ ਜਨਰਲ ਆਫ
ਪੁਲਿਸ (ਕਰਾਈਮ), ਪੰਜਾਬ, ਚੰਡੀਗੜ੍ਹ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ।  -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।  -------ਉੱਤਰਦਾਤਾ

**ਅਪੀਲ ਕੇਸ ਨੰ:918/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 10-07-2019 ਤੇ ਹਾਜ਼ਰ ਅਪੀਲਕਰਤਾ ਨੇ ਦੱਸਿਆ ਸੀ ਕਿ ਉਸ ਵੱਲੋਂ ਆਪਣੀ ਆਰ.ਟੀ.ਆਈ. ਅਰਜ਼ੀ ਰਾਹੀਂ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ ਕੋਲੋਂ ਸੂਚਨਾ ਮੰਗੀ ਗਈ ਸੀ ਪਰੰਤੂ ਕਮਿਸ਼ਨ ਵੱਲੋਂ ਸੁਣਵਾਈ ਲਈ ਨੋਟਿਸ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ (ਪੱਛਮੀ), ਲੁਧਿਆਣਾ ਨੂੰ ਜਾਰੀ ਕੀਤਾ ਹੋਇਆ ਹੈ ਜਿਸ ਕਾਰਨ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਅਪੀਲਕਰਤਾ ਨੇ ਬੇਨਤੀ ਹੈ ਕਿ ਸੁਣਵਾਈ ਲਈ ਨੋਟਿਸ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ ਨੂੰ ਜਾਰੀ ਕੀਤਾ ਜਾਵੇ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ ਨੂੰ ਸੋਧਿਆ ਹੋਇਆ ਸੁਣਵਾਈ ਨੋਟਿਸ ਜਾਰੀ ਕੀਤਾ ਗਿਆ ਸੀ ਅਤੇ ਇਹ ਕੇਸ ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਤਹਿਸੀਲਦਾਰ (ਪੂਰਬੀ) ਲੁਧਿਆਣਾ ਵੱਲੋਂ ਆਪਣੇ ਪੱਤਰ ਨੰ:78/ਆਰ.ਟੀ.ਆਈ. ਮਿਤੀ 05-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:12 /ਆਰ.ਟੀ.ਆਈ. ਮਿਤੀ 16-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 05-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 05 **ਅਗਸਤ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਵਿੰਦਰ ਸਿੰਘ, (90418-00247)
ਪੁੱਤਰ ਸ਼੍ਰੀ ਸੋਹਣ ਸਿੰਘ,
ਪਿੰਡ ਲੋਹਟ, ਡਾਕਖਾਨਾ ਬਲਾਚੌਰ,
ਜ਼ਿਲ੍ਹਾ ਐਸ.ਬੀ.ਐਸ.ਨਗਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਐਸ.ਜੀ.ਐਚ.ਆਰ.ਐਸ .ਕਾਲਿਜ ਫਾਰ ਵੂਮੈਨ, ਚੱਬੇਵਾਲ,
ਜ਼ਿਲ੍ਹਾ ਹੁਸ਼ਿਆਰਪੁਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:360/2019**

**ਹਾਜ਼ਰ:-**

1) ਸ਼੍ਰੀ ਜਸਵਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 17-07-2019 ਤੇ ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਸੀ ਕਿ ਉਨ੍ਹਾਂ ਦਾ ਕਾਲਿਜ "ਲੋਕ ਅਥਾਰਟੀ" ਨਹੀਂ ਹੈ ਅਤੇ ਸੂਚਨਾ ਦਾ ਅਧਿਕਾਰ ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ ਜਿਸ ਕਰ ਕੇ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕੀਤੀ ਜਾ ਸਕਦੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਉਨ੍ਹਾਂ ਦਾ ਕਾਲਿਜ ਸੂਚਨਾ ਦਾ ਅਧਿਕਾਰ ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਨਾ ਆਉਣ ਬਾਰੇ ਹਲਫੀਆ-ਬਿਆਨ ਰਾਹੀਂ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਆਪਣਾ ਵਿਸਥਾਰ-ਪੂਰਵਕ ਜਵਾਬ, ਮਿਤੀ 05-08-2018 ਪੇਸ਼ ਕੀਤਾ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ, ਹਾਜ਼ਰ ਉੱਤਰਦਾਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋਇਆ ਹੈ। ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 05 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰਵੀਨ ਕੁਮਾਰ (ਸੈਕਟਰੀ), (98036-87497)
ਪੇਰੈਂਟਸ ਐਸੋਸੀਏਸ਼ਨ (ਰਜਿਸਟਰਡ), ਮਾਛੀਵਾੜਾ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:1354 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸੁਖਵਿੰਦਰ ਸਿੰਘ (94656-50001)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 23-07-2019 ਤੇ ਦੋਵਾਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਕੇਵਲ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਦਿਲਸ਼ਾਦ ਸਿੰਘ, ਕਲਰਕ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:) ਲੁਧਿਆਣਾ ਨੇ ਕਿਹਾ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਉਨ੍ਹਾਂ ਨੂੰ ਡਿਪਟੀ ਕਮਿਸ਼ਨਰ, ਲੁਧਿਆਣਾ ਦੇ ਦਫ਼ਤਰ ਤੋ ਪ੍ਰਾਪਤ ਹੋਈ ਸੀ ਅਤੇ ਉਨ੍ਹਾਂ ਨੇ ਅਪੀਲਕਰਤਾ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਉਨ੍ਹਾਂ ਦੀ ਸ਼ਿਕਾਇਤ ਪੜਤਾਲ ਅਧੀਨ ਹੈ ਜਿਸ ਕਰਕੇ ਅਜੇ ਸੂਚਨਾ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਜੀ.3/2019/ਆਰ.ਟੀ.ਆਈ./84, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਸੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:) ਲੁਧਿਆਣਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਮੁਕੰਮਲ ਸਟੇਟਸ ਰਿਪੋਰਟ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਸੁਖਵਿੰਦਰ ਸਿੰਘ ਨੇ ਫਿਰ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:) ਲੁਧਿਆਣਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:) ਲੁਧਿਆਣਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਮੁਕੰਮਲ ਸਟੇਟਸ ਰਿਪੋਰਟ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 05 ਅਗਸਤ, 2019.**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:) ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੇਵਲ ਸਿੰਘ, (94656-47658)
ਪੇਰੈਂਟਸ ਐਸੋਸੀਏਸ਼ਨ (ਰਜਿਸਟਰਡ), ਮਾਛੀਵਾੜਾ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਸਮਰਾਲਾ, ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ,
ਸਮਰਾਲਾ, ਜ਼ਿਲ੍ਹਾ ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ:1356 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸੁਖਵਿੰਦਰ ਸਿੰਘ (94656-50001)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵਿਜੈ ਕੁਮਾਰ, ਨਾਇਬ ਤਹਿਸੀਲਦਾਰ ਅਤੇ ਸ਼੍ਰੀ ਕੁਲਦੀਪ ਸਿੰਘ ਰੀਡਰ (98780-57071) ਦਫ਼ਤਰ ਨਾਇਬ ਤਹਿਸੀਲਦਾਰ, ਸ੍ਰੀ ਮਾਛੀਵਾੜਾ ਸਾਹਿਬ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 23-07-2019 ਤੇ ਦੋਵਾਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਦੀਪ ਸਿੰਘ ਰੀਡਰ ਦਫ਼ਤਰ ਨਾਇਬ ਤਹਿਸੀਲਦਾਰ, ਸ੍ਰੀ ਮਾਛੀਵਾੜਾ ਸਾਹਿਬ ਨੇ ਪੱਤਰ ਨੰ:1613, ਮਿਤੀ 22-07-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਧੂਰੀ ਸੂਚਨਾ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਸਹੀ ਨਹੀਂ ਪਾਇਆ ਗਿਆ ਸੀ ਅਤੇ ਇਸ ਬਾਰੇ ਹਾਜਰ੍ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਮੁਕੰਮਲ ਸਟੇਟਸ ਰਿਪੋਰਟ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਦੇ ਨੁਮਾਇੰਦੇ, ਸੁਖਵਿੰਦਰ ਸਿੰਘ, ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਜੈ ਕੁਮਾਰ, ਨਾਇਬ ਤਹਿਸੀਲਦਾਰ ਨੇ ਪੱਤਰ ਨੰ:1665-1666, ਮਿਤੀ 02-08-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਵਾਚਣ ਉਪਰੰਤ ਸਹੀ ਨਹੀਂ ਪਾਇਆ ਗਿਆ ਹੈ ਕਿਉਂਕਿ ਇਹ ਜਵਾਬ ਅਪੀਲਕਰਤਾ ਦੀ ਆਰ.ਟੀ. ਆਈ. ਅਰਜ਼ੀ ਦੇ ਅਨੁਕੂਲ ਨਹੀਂ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਆਰ.ਟੀ. ਆਈ. ਅਰਜ਼ੀ ਮੁਤਾਬਿਕ ਜਵਾਬ ਦੇਣ ਵਾਸਤੇ ਫਿਰ ਸਮਝਾਇਆ ਗਿਆ ਹੈ ਅਤੇ ਉਸ ਵੱਲੋਂ ਅਪੀਲਕਰਤਾ ਨੂੰ ਢੁਕਵੀਂ ਸੂਚਨਾ ਦੇਣ ਦਾ ਭਰੋਸਾ ਦਿੰਦੇ ਹੋਏ ਸਮੇਂ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਮੁਕੰਮਲ ਸਟੇਟਸ ਰਿਪੋਰਟ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਤਹਿਸੀਲਦਾਰ-ਕਮ-
ਸਬ ਰਜਿਸਟਰਾਰ (ਪੱਛਮੀ)
ਦਫ਼ਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਅਫਸਰ (ਪੱਛਮੀ), ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ: 916/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 10-07-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਵਿੰਦਰ ਸਿੰਘ, ਰੀਡਰ/ਤਹਿਸੀਲਦਾਰ, ਲੁਧਿਆਣਾ ਸੈਂਟਰਲ ਨੇ ਕਿਹਾ ਸੀ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਸੂਚਿਤ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵ ਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 05-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਦੋਵਾਂ ਧਿਰਾਂ ਨੂੰ ਆਪਣਾ-ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**